ਗਉੜੀ ਗੁਆਰੇਰੀ ਮਹਲਾ ੫ ॥ ਤਉ ਕਿਰਪਾ ਤੇ ਮਾਰਗੁ ਪਾਈਐ ॥ ਪ੍ਰਭ ਕਿਰਪਾ ਤੇ ਨਾਮੁ ਧਿਆਈਐ ॥ ਪ੍ਰਭ ਕਿਰਪਾ ਤੇ ਬੰਧਨ ਛੁਟੈ ॥ ਤਉ ਕਿਰਪਾ ਤੇ ਹਉਮੈ ਤੁਟੈ ॥੧॥ ਤੁਮ ਲਾਵਹੁ ਤਉ ਲਾਗਹ ਸੇਵ ॥ ਹਮ ਤੇ ਕਛੂ ਨ ਹੋਵੈ ਦੇਵ ॥੧॥ ਰਹਾਉ ॥ ਤੁਧੁ ਭਾਵੈ ਤਾ ਗਾਵਾ ਬਾਣੀ ॥ ਤੁਧੁ ਭਾਵੈ ਤਾ ਸਚੁ ਵਖਾਣੀ ॥ ਤੁਧੁ ਭਾਵੈ ਤਾ ਸਤਿਗੁਰ ਮਇਆ ॥ ਸਰਬ ਸੁਖਾ ਪ੍ਰਭ ਤੇਰੀ ਦਇਆ ॥੨॥ ਜੋ ਤੁਧੁ ਭਾਵੈ ਸੋ ਨਿਰਮਲ ਕਰਮਾ ॥ ਜੋ ਤੁਧੁ ਭਾਵੈ ਸੋ ਸਚੁ ਧਰਮਾ ॥ ਸਰਬ ਨਿਧਾਨ ਗੁਣ ਤੁਮ ਹੀ ਪਾਸਿ ॥ ਤੂੰ ਸਾਹਿਬੁ ਸੇਵਕ ਅਰਦਾਸਿ ॥੩॥ ਮਨੁ ਤਨੁ ਨਿਰਮਲੁ ਹੋਇ ਹਰਿ ਰੰਗਿ ॥ ਸਰਬ ਸੁਖਾ ਪਾਵਉ ਸਤਸੰਗਿ ॥ ਨਾਮਿ ਤੇਰੈ ਰਹੈ ਮਨੁ ਰਾਤਾ ॥ ਇਹੁ ਕਲਿਆਣੁ ਨਾਨਕ ਕਰਿ ਜਾਤਾ ॥੪॥੧੪॥੮੩॥ {ਪੰਨਾ 180}

ਪਦਅਰਥ:- ਤੇ—ਤੋਂ, ਨਾਲ। ਤਉ ਕਿਰਪਾ ਤੇ—ਤੇਰੀ ਕਿਰਪਾ ਨਾਲ। ਮਾਰਗੁ—(ਜੀਵਨ ਦਾ ਸਹੀ) ਰਸਤਾ। ਪ੍ਰਭੂ ਕਿਰਪਾ ਤੇ—ਪ੍ਰਭੂ ਦੀ ਕਿਰਪਾ ਨਾਲ।1।

ਲਾਗਹ—ਅਸੀਂ ਲੱਗਦੇ ਹਾਂ। ਹਮ ਤੇ—ਸਾਥੋਂ। ਦੇਵ—ਹੇ ਦੇਵ! ਹੇ ਪ੍ਰਕਾਸ਼ ਰੂਪ!।1। ਰਹਾਉ।

ਭਾਵੈ—ਚੰਗਾ ਲੱਗੇ। ਗਾਵਾ—ਗਾਵਾਂ, ਮੈਂ ਗਾ ਸਕਦਾ ਹਾਂ। ਸਚੁ—ਸਦਾ-ਥਿਰ ਰਹਿਣ ਵਾਲਾ ਨਾਮ। ਵਖਾਣੀ—ਮੈਂ ਉਚਾਰਦਾ ਹਾਂ। ਮਇਆ—ਦਇਆ। ਪ੍ਰਭੂ—ਹੇ ਪ੍ਰਭੂ!।2।

ਨਿਰਮਲ—ਪਵਿਤ੍ਰ। ਸਚੁ—ਅਟੱਲ। ਨਿਧਾਨ—ਖ਼ਜ਼ਾਨੇ।3।

ਰੰਗਿ—ਪ੍ਰੇਮ ਵਿਚ। ਪਾਵਉ—ਪਾਵਉਂ, ਮੈਂ ਪ੍ਰਾਪਤ ਕਰਦਾ ਹਾਂ। ਸਤਸੰਗਿ—ਸਤਸੰਗ ਵਿਚ। ਨਾਮਿ—ਨਾਮ ਵਿਚ। ਕਲਿਆਣੁ—ਖ਼ੁਸ਼ੀ, ਆਨੰਦ।4।

ਅਰਥ:- ਹੇ ਪ੍ਰਕਾਸ਼-ਰੂਪ ਪ੍ਰਭੂ! ਸਾਥੋਂ (ਜੀਵਾਂ ਪਾਸੋਂ ਸਾਡੇ ਆਪਣੇ ਉੱਦਮ ਨਾਲ ਤੇਰੀ ਸੇਵਾ-ਭਗਤੀ) ਕੁਝ ਭੀ ਨਹੀਂ ਹੋ ਸਕਦੀ। ਤੂੰ (ਆਪ ਹੀ ਸਾਨੂੰ) ਸੇਵਾ-ਭਗਤੀ ਵਿਚ ਲਾਵੇਂ ਤਾਂ ਅਸੀਂ ਲੱਗ ਸਕਦੇ ਹਾਂ।1। ਰਹਾਉ।

(ਹੇ ਪ੍ਰਭੂ!) ਤੇਰੀ ਕਿਰਪਾ ਨਾਲ (ਜੀਵਨ ਦਾ ਸਹੀ) ਰਸਤਾ ਲੱਭਦਾ ਹੈ। (ਹੇ ਭਾਈ!) ਪ੍ਰਭੂ ਦੀ ਕਿਰਪਾ ਨਾਲ (ਪ੍ਰਭੂ ਦਾ) ਨਾਮ ਸਿਮਰੀਦਾ ਹੈ, (ਇਸ ਤਰ੍ਹਾਂ) ਪ੍ਰਭੂ ਦੀ ਕਿਰਪਾ ਨਾਲ ਮਾਇਆ ਦੇ ਬੰਧਨਾਂ ਦਾ ਜਾਲ ਟੁੱਟ ਜਾਂਦਾ ਹੈ। ਹੇ ਪ੍ਰਭੂ! ਤੇਰੀ ਕਿਰਪਾ ਨਾਲ (ਸਾਡੀ ਜੀਵਾਂ ਦੀ) ਹਉਮੈ ਦੂਰ ਹੁੰਦੀ ਹੈ।1।

(ਹੇ ਪ੍ਰਭੂ!) ਜੇ ਤੈਨੂੰ ਚੰਗਾ ਲੱਗੇ ਤਾਂ ਮੈਂ ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਗਾ ਸਕਦਾ ਹਾਂ। ਤੈਨੂੰ ਪਸੰਦ ਆਵੇ ਤਾਂ ਮੈਂ ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਉਚਾਰ ਸਕਦਾ ਹਾਂ। (ਹੇ ਪ੍ਰਭੂ!) ਤੈਨੂੰ ਚੰਗਾ ਲੱਗੇ ਤਾਂ (ਜੀਵਾਂ ਉਤੇ) ਗੁਰੂ ਦੀ ਕਿਰਪਾ ਹੁੰਦੀ ਹੈ। ਹੇ ਪ੍ਰਭੂ! ਸਾਰੇ ਸੁਖ ਤੇਰੀ ਮਿਹਰ ਵਿਚ ਹੀ ਹਨ।2।

ਹੇ ਪ੍ਰਭੂ! ਜੇਹੜਾ ਕੰਮ ਤੈਨੂੰ ਚੰਗਾ ਲੱਗ ਜਾਏ ਉਹੀ ਪਵਿਤ੍ਰ ਹੈ, ਜੇਹੜੀ ਜੀਵਨ-ਮਰਯਾਦਾ ਤੈਨੂੰ ਪਸੰਦ ਆ ਜਾਏ ਉਹੀ ਅਟੱਲ ਮਰਯਾਦਾ ਹੈ। ਹੇ ਪ੍ਰਭੂ! ਸਾਰੇ ਖ਼ਜ਼ਾਨੇ ਸਾਰੇ ਗੁਣ ਤੇਰੇ ਹੀ ਵੱਸ ਵਿਚ ਹਨ। ਤੂੰ ਹੀ ਮੇਰਾ ਮਾਲਕ ਹੈਂ, ਮੈਂ ਸੇਵਕ ਦੀ (ਤੇਰੇ ਅੱਗੇ ਹੀ) ਅਰਦਾਸ ਹੈ।3।

(ਹੇ ਭਾਈ!) ਪਰਮਾਤਮਾ ਦੇ ਪਿਆਰ ਵਿਚ (ਟਿਕੇ ਰਿਹਾਂ) ਮਨ ਪਵਿਤ੍ਰ ਹੋ ਜਾਂਦਾ ਹੈ, ਸਾਧ ਸੰਗਤਿ ਵਿਚ ਟਿਕੇ ਰਿਹਾਂ (ਮੈਨੂੰ ਇਉਂ ਪ੍ਰਤੀਤ ਹੁੰਦਾ ਹੈ ਕਿ) ਮੈਂ ਸਾਰੇ ਸੁਖ ਲੱਭ ਲੈਂਦਾ ਹਾਂ। ਹੇ ਨਾਨਕ! (ਆਖ—ਹੇ ਪ੍ਰਭੂ! ਜਿਸ ਮਨੁੱਖ ਦਾ) ਮਨ ਤੇਰੇ ਨਾਮ ਵਿਚ ਰੰਗਿਆ ਜਾਂਦਾ ਹੈ ਉਹ ਇਸੇ ਨੂੰ ਹੀ ਸ੍ਰੇਸ਼ਟ ਆਨੰਦ ਕਰ ਕੇ ਸਮਝਦਾ ਹੈ।4।14। 83।